**ਆਸਾ ਮਹਲਾ ੫ ॥ ਸਤਿਗੁਰੁ ਅਪਨਾ ਸਦ ਸਦਾ ਸਮ੍ਹ੍ਹਾਰੇ ॥ ਗੁਰ ਕੇ ਚਰਨ ਕੇਸ ਸੰਗਿ ਝਾਰੇ ॥੧॥ ਜਾਗੁ ਰੇ ਮਨ ਜਾਗਨਹਾਰੇ ॥ ਬਿਨੁ ਹਰਿ ਅਵਰੁ ਨ ਆਵਸਿ ਕਾਮਾ ਝੂਠਾ ਮੋਹੁ ਮਿਥਿਆ ਪਸਾਰੇ ॥੧॥ ਰਹਾਉ ॥ ਗੁਰ ਕੀ ਬਾਣੀ ਸਿਉ ਰੰਗੁ ਲਾਇ ॥ ਗੁਰੁ ਕਿਰਪਾਲੁ ਹੋਇ ਦੁਖੁ ਜਾਇ ॥੨॥ ਗੁਰ ਬਿਨੁ ਦੂਜਾ ਨਾਹੀ ਥਾਉ ॥ ਗੁਰੁ ਦਾਤਾ ਗੁਰੁ ਦੇਵੈ ਨਾਉ ॥੩॥ ਗੁਰੁ ਪਾਰਬ੍ਰਹਮੁ ਪਰਮੇਸਰੁ ਆਪਿ ॥ ਆਠ ਪਹਰ ਨਾਨਕ ਗੁਰ ਜਾਪਿ ॥੪॥੧੬॥੬੭॥ {ਪੰਨਾ 387}**

ਪਦਅਰਥ:- ਸਦ ਸਦਾ—ਸਦਾ ਸਦਾ, ਸਦਾ ਹੀ। ਸਮ੍ਹ੍ਹਾਰੇ—ਸਮ੍ਹ੍ਹਾਰਿ, ਸੰਭਾਲ, ਹਿਰਦੇ ਵਿਚ ਸਾਂਭ ਰੱਖ। ਝਾਰੇ—ਝਾਰਿ।1।

ਰੇ—ਹੇ! ਜਾਗਨਹਾਰੇ—ਹੇ ਜਾਗਣ ਜੋਗੇ! ਆਵਸਿ—ਆਵੇਗਾ। ਕਾਮਾ—ਕੰਮਿ। ਮਿਥਿਆ—ਨਾਸਵੰਤ।1। ਰਹਾਉ।

ਸਿਉ—ਨਾਲ। ਰੰਗੁ—ਪਿਆਰ। ਲਾਇ—ਜੋੜ।2।

ਥਾਉ—ਆਸਰਾ, ਸਹਾਰਾ। ਦੇਵੈ—ਦੇਂਦਾ ਹੈ।3।

ਗੁਰ ਜਾਪਿ—ਗੁਰੂ ਦਾ ਜਾਪ ਜਪ, ਗੁਰੂ ਨੂੰ ਚੇਤੇ ਰੱਖ।4।

ਅਰਥ:- ਹੇ ਜਾਗਣ ਜੋਗੇ ਮਨ! (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਸੁਚੇਤ ਹੋਹੁ। ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ (ਪਦਾਰਥ) ਤੇਰੇ ਕੰਮ ਨਹੀਂ ਆਵੇਗਾ, (ਪਰਵਾਰ ਦਾ) ਮੋਹ ਤੇ (ਮਾਇਆ ਦਾ) ਖਿਲਾਰਾ ਇਹ ਕੋਈ ਭੀ ਸਾਥ ਨਿਬਾਹੁਣ ਵਾਲੇ ਨਹੀਂ ਹਨ।1। ਰਹਾਉ।

ਹੇ ਮਨ! ਆਪਣੇ ਸਤਿਗੁਰੂ ਨੂੰ ਸਦਾ ਹੀ (ਆਪਣੇ ਅੰਦਰ) ਸਾਂਭ ਰੱਖ। (ਹੇ ਭਾਈ!) ਗੁਰੂ ਦੇ ਚਰਨਾਂ ਨੂੰ ਆਪਣੇ ਕੇਸਾਂ ਨਾਲ ਝਾੜਿਆ ਕਰ (ਗੁਰੂ-ਦਰ ਤੇ ਨਿਮ੍ਰਤਾ ਨਾਲ ਪਿਆ ਰਹੁ)।1।

(ਹੇ ਭਾਈ!) ਸਤਿਗੁਰੂ ਦੀ ਬਾਣੀ ਨਾਲ ਪਿਆਰ ਜੋੜ। ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ ਉਸ ਦਾ ਹਰੇਕ ਦੁੱਖ ਦੂਰ ਹੋ ਜਾਂਦਾ ਹੈ।2।

(ਹੇ ਭਾਈ!) ਗੁਰੂ ਤੋਂ ਬਿਨਾ ਹੋਰ ਕੋਈ ਥਾਂ ਨਹੀਂ (ਜਿਥੇ ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤੇ ਮਨ ਨੂੰ ਜਗਾਇਆ ਜਾ ਸਕੇ)। ਗੁਰੂ (ਪਰਮਾਤਮਾ ਦਾ) ਨਾਮ ਬਖ਼ਸ਼ਦਾ ਹੈ, ਗੁਰੂ ਨਾਮ ਦੀ ਦਾਤਿ ਦੇਣ-ਜੋਗਾ ਹੈ (ਨਾਮ ਦੀ ਦਾਤਿ ਦੇ ਕੇ ਸੁੱਤੇ ਮਨ ਨੂੰ ਜਗਾ ਦੇਂਦਾ ਹੈ)।3।

ਹੇ ਨਾਨਕ! (ਆਖ—ਹੇ ਭਾਈ!) ਅੱਠੇ ਪਹਰ (ਹਰ ਵੇਲੇ) ਗੁਰੂ ਨੂੰ ਚੇਤੇ ਰੱਖ, ਗੁਰੂ ਪਾਰਬ੍ਰਹਮ (ਦਾ ਰੂਪ) ਹੈ ਗੁਰੂ ਪਰਮੇਸਰ (ਦਾ ਰੂਪ) ਹੈ।4। 16। 67।